ਸ੍ਰੀ ਮੁਕਤਸਰ ਸਾਹਿਬ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਕਰਵਾਏ ਖੇਡ ਮੁਕਾਬਲੇ



ਐਸ.ਐਸ.ਪੀ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਚੰਗੇ ਖਿਡਾਰੀ ਬਣਨ ਲਈ ਕੀਤਾ ਪ੍ਰੇਰਿਤ

ਸ੍ਰੀ ਮੁਕਤਸਰ ਸਾਹਿਬ(                )ਮਾਨਯੋਗ ਸ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ, ਸ੍ਰੀ ਗੋਰਵ ਯਾਦਵ ਆਈ.ਪੀ.ਐਸ ਡੀ.ਜੀ.ਪੀ ਪੰਜਾਬ  ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਸੂਬਾ ਅੰਦਰ ਕਰਵਾਏ ਜਾ ਰਹੇ ਖੇਡ ਵਤਨ ਪੰਜਾਬ ਦੇ ਪ੍ਰੋਗਰਾਮਾਂ ਤਹਿਤ ਅੱਜ ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਚੰਗੇ ਖਿਡਾਰੀ ਬਣਨ ਦਾ ਸੁਨੇਹਾ ਦਿੰਦੇ ਹੋਏ ਸਿਵਲ ਪ੍ਰਸ਼ਾਸਨ ਦੇ ਨਾਲ ਮਿਲ ਕੇ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿੱਚ ਖੇਡ ਪ੍ਰੋਗਰਾਮ ਆਯੋਜਿਤ ਕੀਤੇ ਗਏ। ਇਸ ਮੌਕੇ ਸ.ਕਵਲਪ੍ਰੀਤ ਸਿੰਘ ਚਹਿਲ ਐਸ.ਪੀ (ਐਚ), ਸ.ਸਤਨਾਮ ਸਿੰਘ ਡੀ.ਐਸ.ਪੀ ਸਬ ਡਿਵੀਜ਼ਨ, ਸ੍ਰੀਮਤੀ ਅਨਿੰਦਰਵੀਰ ਕੌਰ ਜਿਲਾ ਖੇਡ ਅਫਸਰ, ਸ੍ਰੀ ਗਗਨਦੀਪ ਸਿੰਘ ਸੋਢੀ ਸੀਨੀਅਰ ਸਹਾਇਕ ਹਾਜ਼ਰ ਸਨ। ਇਸ ਮੌਕੇ ਅਥਲੈਟਿਕਸ, ਹੈਂਡਬਾਲ, ਕਬੱਡੀ ਨੈਸ਼ਨਲ ਸਟਾਇਲ, ਕਬੱਡੀ ਸਰਕਲ ਸਟਾਈਲ, ਖੋ-ਖੋ, ਬੈਡਮਿੰਟਨ, ਬਾਕਸਿੰਗ, ਕਿੱਕ ਬਾਕਸਿੰਗ, ਗਤਕਾ, ਬਾਸਕਟਬਾਲ, ਫੁਟਬਾਲ, ਚੈਸ, ਵਾਲੀਬਾਲ ਸਮੈਸਿੰਗ, ਵਾਲੀਬਾਲ ਸ਼ੂਟਿੰਗ, ਕੁਸ਼ਤੀ, ਵੇਟਲਿਫਟਿੰਗ, ਪਾਵਰ ਲਿਫਟਿੰਗ ਖੇਡਾਂ ਕਰਵਾਈਆਂ ਗਈਆਂ ਹਨ ਇਸ ਮੌਕੇ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ 1500 ਦੇ ਕਰੀਬ ਖਿਡਾਰੀਆਂ ਨੇ ਇਹਨਾਂ ਖੇਡ ਮੁਕਾਬਲਿਆ ਵਿੱਚ ਭਾਗ ਲਿਆ। ਇਸ ਮੌਕੇ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਰੀਬਨ ਕੱਟ ਕੇ ਖੇਡ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ ਅਤੇ ਸਕੂਲੀ ਵਿਦਿਆਰਥਨਾਂ ਵੱਲੋਂ ਪੰਜਾਬ ਲੋਕ ਨਾਚ ਗਿੱਧਾ ਕੀਤਾ ਗਿਆ ਅਤੇ ਇਸ ਮੌਕੇ ਸਟੇਜ ਸੈਕਟਰੀ ਵਜੋਂ ਦੀਪੀ ਮੈਡਮ ਕੁਲਵਿੰਦਰ ਕੌਰ ਨੇ ਆਪਣੀ ਡਿਊਟੀ ਨਿਭਾਈ।